**I/62933/2020**

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਮੋਬਾਇਲ ਵੰਡਣ ਦੀ ਮੁਹਿੰਮ ਦੀ ਸ਼ੁਰੂਆਤ**

**ਫਾਜ਼ਿਲਕਾ ਜ਼ਿਲੇ ਵਿਚ 8670 ਵਿਦਿਆਰਥੀਆਂ ਨੂੰ ਮਿਲਣਗੇ ਮੋਬਾਇਲ ਡਿਪਟੀ ਕਮਿਸ਼ਨਰ**

**ਫਾਜ਼ਿਲਕਾ, 12 ਅਗਸਤ**

ਪੰਜਾਬ ਦੀ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਅੱਜ ਨੌਜਵਾਨਾਂ ਨੂੰ ਮੋਬਾਇਲ ਫੋਨ ਦੇਣ ਦੀ ਮੁਹਿੰਮ ਦਾ ਅਗਾਜ ਕਰ ਦਿੱਤਾ। ਇਸ ਸਬੰਧੀ ਫਾਜ਼ਿਲਕਾ ਵਿਖੇ ਕੋਵਿਡ ਦੇ ਮੱਦੇਨਜਰ ਹੋਏ ਇਕ ਸਾਦੇ ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਵਿਧਾਇਕ ਸ: ਰਮਿੰਦਰ ਸਿੰਘ ਆਵਲਾਂ ਅਤੇ ਸਾਬਕਾ ਸਾਂਸਦ ਸ: ਸ਼ੇਰ ਸਿੰਘ ਘੁਬਾਇਆ ਨਾਲ ਮਿਲ ਕੇ 12ਵੀਂ ਜਮਾਤ ਦੀਆਂ ਵਿਦਿਆਰਥਣਾਂ ਨੂੰ ਇਹ ਮੋਬਾਇਲ ਵੰਡਣ ਦੀ ਪ੍ਰਿਆ ਦੀ ਸ਼ੁਰੂਆਤ ਕਰਵਾਈ।

ਇਸ ਤੋਂ ਪਹਿਲਾਂ ਵਿਡੀਓ ਕਾਨਫਰੰਸ ਰਾਹੀਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਚੰਡੀਗੜ ਤੋਂ ਇਸ ਮੁਹਿੰਮ ਦਾ ਅਗਾਜ ਕੀਤਾ। ਉਨਾਂ ਨੇ ਇਸ ਮੌਕੇ ਰਾਜ ਭਰ ਦੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਪ੍ਰੋਜੈਕਟ ਸਾਡੇ ਬੱਚਿਆਂ ਨੂੰ ਦੁਨੀਆਂ ਨਾਲ ਜੋੜੇ ਜਾਣ ਦਾ ਜਰੀਆ ਬਣੇਗਾ। ਉਨਾਂ ਨੇ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਨਾਲ ਰਾਜ ਦੇ ਸਰਕਾਰੀ ਸਕੂਲਾਂ ਵਿਚ ਬੱਚਿਆਂ ਦੀ ਪੜਾਈ ਵਿਚ ਸੁਧਾਰ ਹੋਇਆ ਹੈ।

ਇਸ ਮੌਕੇ ਸਿੱਖਿਆ ਮੰਤਰੀ ਸ੍ਰੀ ਵਿਜੈ ਇੰਦਰ ਸਿੰਗਲਾ ਨੇ ਕਿਹਾ ਕਿ ਜਿੰਨਾਂ ਬੱਚਿਆਂ ਨੂੰ ਇਹ ਫੋਨ ਦਿੱਤੇ ਜਾ ਰਹੇ ਹਨ ਉਨਾਂ ਵਿਚੋਂ 1.12 ਲੱਖ ਪੇਂਡੂ ਖੇਤਰਾਂ ਨਾਲ ਸਬੰਧਤ ਹਨ। ਉਨਾਂ ਨੇ ਕਿਹਾ ਰਾਜ ਸਰਕਾਰ ਦੇ ਯਤਨਾਂ ਨਾਲ ਸਰਕਾਰੀ ਸਕੂਲਾਂ ਵਿਚ ਵਿਦਿਆਰਥੀਆਂ ਦੇ ਦਾਖਲਿਆਂ ਵਿਚ ਵਾਧਾ ਹੋਇਆ ਹੈ। ਉਦਯੋਗ ਮੰਤਰੀ ਸ੍ਰੀ ਸੁੰਦਰ ਸ਼ਾਮ ਅਰੋੜਾ ਨੇ ਕਿਹਾ ਕਿ ਇਸ ਪ੍ਰੋਜੈਕਟ ਤੇ ਸਰਕਾਰ 92 ਕਰੋੜ ਰੁਪਏ ਖਰਚ ਕਰ ਰਹੀ ਹੈ। ਖੇਡ ਮੰਤਰੀ ਸ: ਰਾਣਾ ਗੁਰਮੀਤ ਸਿੰਘ ਸੋਢੀ ਨੇ ਕਿਹਾ ਕਿ ਇਸ ਸਕੀਮ ਦੇ ਲਾਗੂ ਹੋਣ ਨਾਲ ਨੌਜਵਾਨਾਂ ਵਿਚ ਉਤਸਾਹ ਵਧਿਆ ਹੈ। ਸੂਬਾ ਕਾਂਗਰਸ ਪ੍ਰਧਾਨ ਸ੍ਰੀ ਸੁਨੀਲ ਜਾਖੜ ਨੇ ਇਸ ਸਕੀਮ ਨੂੰ ਅਮਲੀ ਜਾਮਾ ਪਹਿਨਾਏ ਜਾਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

ਓਧਰ ਇੱਥੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਫਾਜ਼ਿਲਕਾ ਜ਼ਿਲੇ ਵਿਚ 12ਵੀਂ ਜਮਾਤ ਦੀਆਂ 8670 ਵਿਦਿਆਰਥੀਆਂ ਨੂੰ ਇਹ ਫੋਨ ਦਿੱਤੇ ਜਾਣਗੇ। ਉਨਾਂ ਨੇ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਨੂੰ ਆਪਣੀ ਪੜਾਈ ਵਿਚ ਸਹੂਲਤ ਮਿਲੇਗੀ ਉਥੇ ਹੀ ਉਨਾਂ ਲਈ ਗਿਆਨ ਦੇ ਦਰਵਾਜੇ ਖੁੱਲਣਗੇ ਅਤੇ ਉਹ ਆਪਣੇ ਕੈਰੀਅਰ ਸਬੰਧੀ ਨਵੀਂ ਨਵੀਂ ਜਾਣਕਾਰੀ ਲੈ ਸਕਣਗੇ।

ਸਾਬਕਾ ਸਾਂਸਦ ਸ: ਸ਼ੇਰ ਸਿੰਘ ਘੁਬਾਇਆ ਨੇ ਕਿਹਾ ਕਿ ਕੌਮਾਂਤਰੀ ਨੌਜਵਾਨ ਦਿਹਾੜੇ ਤੇ ਇਸ ਸਕੀਮ ਦੀ ਸ਼ੁਰੂਆਤ ਕਰਕੇ ਪੰਜਾਬ ਸਰਕਾਰ ਨੇ ਦੱਸ ਦਿੱਤਾ ਹੈ ਕਿ ਉਸ ਲਈ ਨੌਜਵਾਨ ਪ੍ਰਮੁੱਖ ਤਰਜੀਹ ਹਨ।

ਇਸ ਮੌਕੇ ਜਲਾਲਾਬਾਦ ਦੇ ਵਿਧਾਇਕ ਸ੍ਰੀ ਰਮਿੰਦਰ ਸਿੰਘ ਆਵਲਾ ਨੇ ਕਿਹਾ ਕਿ ਪੂਰੇ ਪੰਜਾਬ ਵਿਚ ਇਸ ਸਕੀਮ ਤਹਿਤ 173823 ਬਾਹਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਇਹ ਮੋਬਾਇਲ ਫੋਨ ਮਿਲਣੇ ਹਨ। ਉਨਾਂ ਨੇ ਇਸ ਮੌਕੇ ਐਲਾਣ ਕੀਤਾ ਕਿ ਜਲਾਲਾਬਾਦ ਹਲਕੇ ਦੇ 25 ਸਕੂਲਾਂ ਵਿਚ ਵਿਦਿਆਰਥੀਆਂ ਨੂੰ ਮੁਫ਼ਤ ਡਿਜਟਿਲ ਸਾਖਰਤਾ ਦੇਣ ਦਾ ਪ੍ਰਜੈਕਟ ਉਨਾਂ ਨੇ ਸ਼ੁਰੂ ਕੀਤਾ ਹੈ ਅਤੇ ਸਕੂਲ ਖੁੱਲਣ ਤੇ ਇਸ ਨੂੰ ਪੂਰਾ ਕੀਤਾ ਜਾਵੇਗਾ। ਇਸ ਮੌਕੇ ਵਿਦਿਆਰਥੀਆਂ ਨੇ ਫੋਨ ਮਿਲਣ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

ਇਸ ਮੌਕੇ ਐਸ.ਡੀ.ਐਮ. ਸ੍ਰੀ ਸੂਬਾ ਸਿੰਘ, ਸ੍ਰੀ ਕੇਸਵ ਗੋਇਲ, ਸਹਾਇਕ ਕਮਿਸ਼ਨਰ ਜਨਰਲ ਸ: ਕੰਵਰਜੀਤ ਸਿੰਘ, ਜ਼ਿਲਾ ਸਿੱਖਿਆ ਅਫ਼ਸਰ ਸ੍ਰੀ ਤ੍ਰਿਲੋਚਣ ਸਿੰਘ ਸਿੱਧੂ, ਉਪ ਜ਼ਿਲਾ ਸਿੱਖਿਆ ਅਫ਼ਸਰ ਬ੍ਰਿਜਮੋਹਨ ਸਿੰਘ ਬੇਦੀ, ਜਿਲਾ ਪ੍ਰਧਾਨ ਸ੍ਰੀ ਰੰਜਮ ਕਾਮਰਾ ਆਦਿ ਵੀ ਹਾਜਰ ਸਨ।

**I/62977/2020**

**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਡਿਪਟੀ ਕਮਿਸ਼ਨਰ ਫਾਜ਼ਿਲਕਾ ਫੇਸਬੁੱਕ ਲਾਈਵ ਰਾਹੀਂ ਲੋਕਾਂ ਨਾਲ ਹੋਏ ਰੁਬਰੂ**

**ਅੱਜ ਜ਼ਿਲ੍ਹੇ ਅੰਦਰ 10 ਜਣੇ ਠੀਕ ਹੋ ਕੇ ਘਰਾਂ ਨੂੰ ਪਰਤੇ, ਠੀਕ ਹੋਣ ਵਾਲਿਆਂ ਦੀ ਕੁੱਲ ਰਿਕਵਰੀ ਦਰ 78 ਫੀਸਦੀ**

**ਜ਼ਿਲ੍ਹੇ ਅੰਦਰ ਕੁੱਲ ਐਕਟਿਵ ਕੇਸ 85**

**ਫ਼ਾਜ਼ਿਲਕਾ, 12 ਅਗਸਤ**

ਫਾਜ਼ਿਲਕਾ ਜਿਲ੍ਹੇ ਵਿਚ ਅੱਜ 10 ਜਣੇ ਠੀਕ ਹੋ ਕੇ ਆਪਣੇ ਘਰਾਂ ਨੂੰ ਪਰਤ ਗਏ ਹਨ ਜਿਸ ਨਾਲ ਹੁਣ ਤੱਕ ਜ਼ਿਲ੍ਹੇ ਅੰਦਰ 311 ਜਣੇ ਠੀਕ ਹੋ ਕੇ ਘਰ ਪਰਤੇ ਹਨ ਤੇ ਠੀਕ ਹੋਣ ਵਾਲਿਆਂ ਦੀ ਕੁੱਲ ਰਿਕਵਰੀ ਦਰ 78.14 ਫੀਸਦੀ ਹੋ ਗਈ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਹਫਤਾਵਾਰੀ ਫੇਸਬੁੱਕ ਲਾਈਵ ਪੇਜ਼ ਰਾਹੀਂ ਲੋਕਾਂ ਨਾਲ ਰੁਬਰੂ ਹੋਣ ਮੌਕੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਜਨਮਅਸ਼ਟਮੀ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਵਸਨੀਕਾਂ ਨੂੰ ਕੋਵਿਡ ਦੀਆਂ ਸਾਵਧਾਨੀਆਂ ਵਰਤਣ ਲਈ ਵੀ ਕਿਹਾ।ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਨੂੰ ਹਰਾਉਣ ਲਈ ਸਰਕਾਰ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਣਾ ਜਰੂਰ ਕੀਤੀ ਜਾਵੇ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਰੋਨਾ ਨੂੰ ਬਚਾਅ ਢੰਗਾਂ ਰਾਹੀਂ ਹੀ ਹਰਾਇਆ ਜਾ ਸਕਦਾ ਹੈ। ਇਸ ਲਈ ਸਾਵਧਾਨੀਆਂ ਦੀ ਵਰਤੋਂ ਕਰਨੀ ਯਕੀਨੀ ਬਣਾਈ ਜਾਵੇ ਤਾਂ ਜ਼ੋ ਅਸੀਂ ਖੁਦ ਦੇ ਨਾਲ-ਨਾਲ ਆਪਣੇ ਪਰਿਵਾਰ ਤੇ ਹੋਰਨਾਂ ਨੂੰ ਵੀ ਇਸ ਮਹਾਂਮਾਰੀ ਤੋਂ ਬਚਾ ਸਕਦੇ ਹਾਂ।

ਉਨ੍ਹਾਂ ਦੱਸਿਆ ਕਿ ਅੱਜ ਜਿਲ੍ਹੇ ਅੰਦਰ 9 ਕੇਸ ਪਾਜੀਟਿਵ ਆਏ ਹਨ ਜਿਸ ਵਿਚੋਂ 8 ਕੇਸ ਫਾਜ਼ਿਲਕਾ ਜ਼ਿਲ੍ਹੇ ਨਾਲ ਸਬੰਧਤ ਹਨ ਤੇ 1 ਕੇਸ ਫਿਰੋਜ਼ਪੁਰ ਜ਼ਿਲ੍ਹੇ ਨਾਲ ਸਬੰਧਤ ਹੈ।ਉਨ੍ਹਾਂ ਦਸਿਆ ਕਿ ਜ਼ਿਲ੍ਹੇ ਅੰਦਰ ਹੁਣ 85 ਕੇਸ ਐਕਟਿਵ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਨਾਲ ਸਬੰਧਤ ਕੁੱਲ 398 ਵਿਅਕਤੀ ਕਰੋਨਾ ਪਾਜੀਟਿਵ ਪਾਏ ਗਏ ਸਨ ਜਿਨ੍ਹਾਂ ਵਿਚੋਂ 311 ਜਣੇ ਠੀਕ ਹੋ ਕੇ ਆਪਣੇ ਘਰਾਂ ਨੂੰ ਪਰਤੇ ਹਨ।

ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਨੂੰ ਹਰਿਆ-ਭਰਿਆ ਬਣਾਉਣ ਲਈ ਬੂਟੇ ਲਗਾਉਣ ਦੀ ਮੁਹਿੰਮ ਜਾਰੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਸਮੂਹ ਤਹਿਸੀਲਾਂ ਤੇ ਬਲਾਕਾਂ ਵਿਖੇ ਵੱਖ-ਵੱਖ ਤਰ੍ਹਾਂ ਦੇ ਬੂਟੇ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਹਰੇਕ ਬਲਾਕ ਵਿਚ 1-1 ਲੱਖ ਬੂਟਾ ਲਗਾਇਆ ਜਾਣਾ ਹੈ ਜਿਸ ਨਾਲ ਪੂਰੇ ਜ਼ਿਲੇ ਦੇ ਪਿੰਡਾਂ ਅੰਦਰ ਹਰਿਆਲੀ ਹੀ ਹਰਿਆਲੀ ਨਜਰ ਆਵੇਗੀ।

**I/62950/2020**

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ**

**ਐਸ.ਡੀ.ਐਮ. ਜਲਾਲਾਬਾਦ ਵੱਲੋਂ ਕੋਵਿਡ ਦੇ ਪ੍ਰਸਾਰ ਨੂੰ ਰੋਕਣ ਲਈ ਸਾਰੀਆਂ ਜ਼ਰੂਰੀ ਸਾਵਧਾਨੀਆ ਮੰਨਣ ਦੀ ਅਪੀਲ**

**ਫਾਜ਼ਿਲਕਾ, 12 ਅਗਸਤ**

ਐਸ.ਡੀ.ਐਮ ਜਲਾਲਾਬਾਦ ਸ. ਸੂਬਾ ਸਿੰਘ ਨੇ ਵੱਲੋਂ 15 ਅਗਸਤ ਨੂੰ ਮਨਾਏ ਜਾਣ ਵਾਲੇ ਸੁਤੰਤਰਤਾ ਦਿਵਸ ਨੂੰ ਲੈ ਕੇ ਲੋਕਾ ਨੂੰ ਅਪੀਲ ਕੀਤੀ ਹੈ ਕਿ ਕਰੋਨਾ ਦੇ ਵੱਧਦੇ ਪ੍ਰਭਾਵਾ ਨੂੰ ਵੇਖਦੇ ਹੋਏ ਪ੍ਰਸ਼ਾਸ਼ਨ ਵੱਲੋਂ ਇਕੱਠ ਨਹੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਨੂੰ ਖਾਂਸੀ, ਬੁਖਾਰ ਜਾ ਗਲਾ ਖਰਾਬ ਹੈ ਤਾਂ ਉਹ ਕਿਸੇ ਵੀ ਇਕੱਠ ਵਾਲੀ ਥਾਂ ਤੇ ਨਾ ਆਉਣ।

ਕਾਰਜ ਸਾਧਕ ਅਫਸਰ ਨਰਿੰਦਰ ਕੁਮਾਰ ਨੇ ਦੱਸਿਆ ਕਿ ਸੁਤੰਤਰਤਾ ਦਿਵਸ ਮੌਕੇ ਆਮ ਲੋਕਾਂ ਲਈ ਸਟੇਡੀਅਮ ਅੰਦਰ ਐਂਅਰੀ ਰੈਗੂਲੇਟ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਸੁਤੰਤਰਤਾ ਦਿਵਸ ਮੌਕੇ ਸਾਰੇ ਜਲਾਲਾਬਾਦ ਵਾਸੀਆ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਮਾਸਕ ਲਗਾਉਣ, ਸਮਾਜਿਕ ਦੂਰੀ ਦਾ ਧਿਆਨ ਰੱਖਣ ਅਤੇ ਹੱਥ ਸੈਨੀਟਾਈਜ਼ ਕਰਨ।

**I/62934/2020**

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਨਗਰ ਕੌਂਸਲ ਜਲਾਲਾਬਾਦ ਵੱਲੋਂ ਸ਼ਹਿਰ ਅੰਦਰ ਬੂਟੇ ਲਗਾਉਣ ਅਤੇ ਦਿਖ ਨੂੰ ਸੁੰਦਰ ਬਣਾਉਣ ਦੀ ਮੁਹਿੰਮ ਜਾਰੀ**

**ਜਲਾਲਾਬਾਦ,12 ਅਗਸਤ**

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਦੀਆਂ ਹਦਾਇਤਾਂ 'ਤੇ ਐਸ.ਡੀ.ਐਮ. ਜਲਾਲਾਬਾਦ ਸੂਬਾ ਸਿੰਘ ਦੀ ਅਗਵਾਈ ਹੇਠ ਨਗਰ ਕੌਂਸਲ ਜਲਾਲਾਬਾਦ ਵੱਲੋਂ ਸ਼ਹਿਰ ਦੀ ਦਿਖ ਨੂੰ ਸੁੰਦਰ ਬਣਾਉਣ ਅਤੇ ਸ਼ਹਿਰ ਨੂੰ ਹਰਿਆ-ਭਰਿਆ ਮਾਹੌਲ ਦੇਣ ਲਈ ਬੂਟੇ ਲਗਾਉਣ ਦੀ ਮੁਹਿੰਮ ਜਾਰੀ ਹੈ। ਇਹ ਜਾਣਕਾਰੀ ਕਾਰਜ ਸਾਧਕ ਅਫਸਰ ਜਲਾਲਾਬਾਦ ਨਰਿੰਦਰ ਕੁਮਾਰ ਨੇ ਦਿੱਤੀ।

ਕਾਰਜ ਸਾਧਕ ਅਫਸਰ ਨੇ ਦੱਸਿਆ ਕਿ ਸ਼ਹਿਰ ਅੰਦਰ ਹਰਿਆਲੀ ਕਾਇਮ ਕਰਨ ਲਈ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਬੂਟੇ ਲਗਾਉਣ ਦੀ ਮੁਹਿੰਮ ਕਾਰਵਾਈ ਅਧੀਨ ਹੈ।ਉਨਾਂ ਦੱਸਿਆ ਕਿ ਸੀਵਰੇਜ਼ ਟਰੀਟਮੈਂਟ ਪਲਾਂਟ ਵਿਖੇ 57 ਬੂਟੇ, ਮਲਟੀਪਰਪਜ ਖੇਡ ਸਟੇਡੀਅਮ ਵਿਖੇ 230 ਬੂਟੇ ਅਤੇ ਸ਼ਹੀਦ ਊਧਮ ਿੰਸੰਘ ਪਾਰਕ ਵਿਖੇ 100 ਬੂਟੇ ਲਗਾਏ ਗਏ ਹਨ ਅਤੇ ਇਸ ਦਾ ਪਾਲਣ-ਪੋਸ਼ਣ ਵੀ ਕੀਤਾ ਜਾਵੇਗਾ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਕਾਰਜ ਸਾਧਕ ਅਫਸਰ ਨਰਿੰਦਰ ਕੁਮਾਰ ਨੇ ਦੱਸਿਆ ਕਿ ਨਗਰ ਕੌਂਸਲ ਜਲਾਲਾਬਾਦ ਵੱਲੋਂ ਲਗਾਤਾਰ ਸ਼ਹਿਰ ਨੂੰ ਹਰਿਆ-ਭਰਿਆ ਬਣਾਉਣ ਲਈ ਵੱਖ-ਵੱਖ ਤਰ੍ਹਾਂ ਦੇ ਯਤਨ ਕੀਤੇ ਜਾ ਰਹੇ ਹਨ। ਉਨਾਂ ਦੱਸਿਆ ਕਿ ਨਗਰ ਕੌਂਸਲ ਦੇ ਸਟਾਫ ਵੱਲੋਂ ਤਨਦੇਹੀ ਨਲ ਡਿਊਟੀ ਨਿਭਾਉਂਦਿਆਂ ਗਤੀਵਿਧੀਆਂ ਅਮਲ ਵਿਚ ਲਿਆਂਦੀਆਂ ਜਾ ਰਹੀਆਂ ਹਨ।